ਵਰਲਡ ਪੰਜਾਬੀ ਟਾਈਮਜ਼
WORLD PUNJABI TIMES
A Punjabi News Protal & Epaper From Winnipeg, Canada
Visit us at : www.worldpunjabitimes.com
Mob: 7973333573, +1 (418) 887-0162, +1 (431) 458-6922
ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ



## ਪੰਜਾਬੀ ਲੈਂਗਵੇਜ ਐਜੂਕੇਸ਼ਨ ਐਸੋਸੀਏਸ਼ਨ ਵੱਲੋਂ ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 28 ਫਰਵਰੀ : ਪੰਜਾਬੀ ਲੈਂਗਵੇਜ ਐਜੂਕੇਸ਼ਨ ਐਸੋਸੀਏਸ਼ਨ (ਪਲੀਅ) ਵੱਲੋਂ ਬੀਤੇ ਦਿਨੀਂ ਆਪਣਾ 21ਵਾਂ ਸਾਲਾਨਾ 'ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ' ਸਮਾਗਮ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ। ਸਰੀ ਦੇ ਤਾਜ ਪਾਰਕ ਕਨਵੈਂਸ਼ਨ ਸੈਂਟਰ ਵਿਖੇ ਹੋਏ ਇਸ ਪ੍ਰੋਗਰਾਮ ਵਿੱਚ 150 ਤੋਂ ਵੱਧ ਪੰਜਾਬੀ ਪ੍ਰੇਮੀਆਂ ਅਤੇ ਪਲੀਅ ਦੇ ਮੈਂਬਰਾਂ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਮੰਚ ਸੰਚਾਲਕ ਹਰਮਨ ਪੰਧੇਰ ਨੇ 'ਲੈਂਡ ਐਕਨੌਲੇਜਮੈਂਟ' ਨਾਲ ਕੀਤੀ ਅਤੇ ਟੰਬਲਰ ਰਿਜ ਵਿਖੇ ਵਾਪਰੀ ਦੁਖਦਾਈ ਘਟਨਾ ਦੇ ਪੀੜਤਾਂ ਦੀ ਯਾਦ ਵਿੱਚ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ।

ਪਲੀਅ ਦੇ ਪ੍ਰਧਾਨ ਬਲਵੰਤ ਸੰਘੇੜਾ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਸਕੂਲਾਂ ਵਿੱਚ ਪੰਜਾਬੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਦੱਸਿਆ। ਉਨ੍ਹਾਂ ਕਿਹਾ ਕਿ ਏਅਰਪੋਰਟ ਅਤੇ ਬੀ.ਸੀ. ਦੀਆਂ ਸਰਹੱਦਾਂ 'ਤੇ ਪੰਜਾਬੀ ਸਾਈਨ ਬੋਰਡ ਲਗਵਾਉਣ ਲਈ ਲਗਾਤਾਰ ਕੋਸ਼ਿਸ਼ਾਂ ਜਾਰੀ ਹਨ। ਸੰਸਥਾ ਦੇ ਉਪ-ਪ੍ਰਧਾਨ ਡਾ. ਸਾਧੂ ਬਿਨਿੰਗ ਨੇ ਪੰਜਾਬੀ ਨੂੰ ਕੈਨੇਡਾ ਵਿੱਚ ਰਾਸ਼ਟਰੀ ਪੱਧਰ ਦੀ ਮਾਨਤਾ ਦਿਵਾਉਣ ਦੀ ਮੰਗ ਦੁਹਰਾਈ।






ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਪੇਸ਼ਕਾਰੀਆਂ ਕੀਤੀਆਂ ਗਈਆਂ। ਪ੍ਰਿੰਸੈਸ ਮਾਰਗਰੇਟ ਸੈਕੰਡਰੀ ਦੀ ਵਿਦਿਆਰਥਣ ਯਸਨੀਆ ਕੌਰ ਨੇ ਗੀਤ ਪੇਸ਼ ਕੀਤਾ, ਜਦਕਿ 8 ਸਾਲਾ ਸੋਹਰਾਬ ਸਿੰਘ ਬਰਾੜ ਨੇ ਪੰਜਾਬੀ ਦੀ ਅਹਿਮੀਅਤ ਬਾਰੇ ਵਿਚਾਰ ਸਾਂਝੇ ਕੀਤੇ। ਜੀਵਨ ਅਤੇ ਗੁਰਸ਼ਾਨਵੀਰ ਬਾਜਵਾ ਨੇ ਸਲਾਈਡ ਸ਼ੋਅ ਰਾਹੀਂ ਪੰਜਾਬੀ ਸਿੱਖਣ ਦੇ ਲਾਭ ਦੱਸੇ। ਵਿਦਿਆਰਥੀ ਜਸਮੀਤ ਸਿੰਘ ਖਹਿਰਾ ਨੇ ਕਵਿਤਾ ਸੁਣਾਈ ਅਤੇ ਰੋਹਨ ਤੇ ਜੈਡਨ ਗਿੱਲ ਦੀ ਲਘੂ ਫਿਲਮ 'Rooted and Rising' ਦਿਖਾਈ ਗਈ। ਮਿਲਨ ਅਤੇ ਮਾਇਆ ਖੇੜਾ ਨੇ 'ਪੰਜਾਬੀ ਪਾਥਵੇਜ਼' ਵੀਡੀਓ ਪੇਸ਼ ਕੀਤੀ।

ਸਰੀ ਸਕੂਲ ਡਿਸਟ੍ਰਿਕਟ ਦੀਆਂ ਅਧਿਆਪਕਾਂ ਗੁਰਪ੍ਰੀਤ ਬੈਂਸ ਅਤੇ ਅਮਨਦੀਪ ਛੀਨਾ ਨੇ ਦੱਸਿਆ ਕਿ ਲੋੜ ਅਨੁਸਾਰ ਪੰਜਾਬੀ ਹੁਣ ਸਰੀ ਦੇ ਸੈਕੰਡਰੀ ਸਕੂਲਾਂ ਦੀ ਅੱਠਓ ਜਮਾਤ ਵਿੱਚ ਉਪਲਬਧ ਹੋਵੇਗੀ। ਸਕੂਲ ਬੋਰਡ ਦੇ ਵਾਈਸ ਚੇਅਰ ਗੈਰੀ ਥਿੰਦ ਨੇ ਪੰਜਾਬੀ ਸਿੱਖਿਆ ਦੇ ਮੁੱਦਿਆਂ 'ਤੇ ਚਰਚਾ ਕਰਦਿਆਂ ਸੰਸਥਾ ਨੂੰ ਮਾਲੀ ਸਹਾਇਤਾ ਭੇਟ ਕੀਤੀ। ਹਰਮਨ ਪੰਧੇਰ ਨੇ ਪੰਜਾਬੀ ਸਾਹਿਤ ਪੜ੍ਹਨ 'ਤੇ ਜ਼ੋਰ ਦਿੱਤਾ ਅਤੇ ਮੁਫ਼ਤ ਵੰਡੀਆਂ ਕਿਤਾਬਾਂ ਬਾਰੇ ਜਾਣਕਾਰੀ ਦਿੱਤੀ।

ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਸੈਨੇਟਰ ਬਲਤੇਜ ਸਿੰਘ ਢਿੱਲੋਂ ਨੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕੈਨੇਡਾ ਵਿੱਚ ਪੰਜਾਬੀ ਭਾਸ਼ਾ ਨਾਲ ਜੁੜੇ ਆਪਣੇ ਜੀਵਨ ਦੇ ਤਜ਼ਰਬੇ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਪੰਜਾਬੀ ਭਾਸ਼ਾ ਨੇ ਉਨ੍ਹਾਂ ਨੂੰ ਨਾ ਸਿਰਫ਼ ਨਿੱਜੀ ਜੀਵਨ ਵਿੱਚ ਬਲਕਿ ਉਨ੍ਹਾਂ ਦੇ ਪੇਸ਼ੇਵਰ ਕੰਮਾਂ ਵਿੱਚ ਵੀ ਬਹੁਤ ਮਦਦ ਕੀਤੀ ਹੈ। ਸਰੀ-ਨਿਊਟਨ ਤੋਂ ਐਮ.ਐਲ.ਏ. ਅਤੇ ਬੀ.ਸੀ. ਦੀ ਪੋਸਟ-ਸੈਕੰਡਰੀ ਸਿੱਖਿਆ ਅਤੇ ਫਿਊਚਰ ਸਕਿੱਲਜ਼ ਮੰਤਰੀ ਜੈਸੀ ਸੁੰਨੜ ਨੇ ਵੀ ਆਪਣੇ ਵਿਚਾਰ ਰੱਖੇ। ਕੈਨੇਡਾ ਵਿੱਚ ਜਨਮੀ ਜੈਸੀ ਸੁੰਨੜ ਨੇ ਦੱਸਿਆ ਕਿ ਆਪਣੀ ਮਾਂ-ਬੋਲੀ ਪੰਜਾਬੀ ਦੇ ਗਿਆਨ ਨੇ ਉਨ੍ਹਾਂ ਨੂੰ ਇੱਕ ਬਿਹਤਰ ਇਨਸਾਨ ਬਣਨ ਵਿੱਚ ਸਹਾਇਤਾ ਕੀਤੀ ਹੈ। ਦੋਵਾਂ ਸ਼ਖਸੀਅਤਾਂ ਨੇ ਨੌਜਵਾਨ ਪੀੜ੍ਹੀ ਲਈ ਮਾਂ-ਬੋਲੀ ਦੀ ਅਹਿਮੀਅਤ 'ਤੇ ਜ਼ੋਰ ਦਿੱਤਾ।

ਪ੍ਰੋਗਰਾਮ ਦੇ ਅਖੀਰ ਵਿੱਚ ਯੂ.ਬੀ.ਸੀ. ਦੇ ਪ੍ਰੋਫੈਸਰ ਗੁਰਿੰਦਰ ਮਾਨ ਅਤੇ ਅਧਿਆਪਕਾ ਪ੍ਰਭਜੋਤ ਕੌਰ ਸਿੰਘ ਨੇ ਧੰਨਵਾਦੀ ਸ਼ਬਦ ਕਹੇ। ਪਲੀਅ ਵੱਲੋਂ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਅਤੇ ਤੋਹਫੇ ਦੇ ਸਨਮਾਨਿਤ ਕੀਤਾ ਗਿਆ। ਸੰਸਥਾ ਨੇ ਇਸ ਸਫਲ ਸਮਾਗਮ ਲਈ ਤਾਜ ਪਾਰਕ ਕਨਵੈਂਸ਼ਨ ਸੈਂਟਰ ਅਤੇ ਪਿਛਲੇ 25 ਸਾਲਾਂ ਤੋਂ ਸਹਿਯੋਗ ਦੇ ਰਹੀ ਦੀਪਕ ਬਿਨਿੰਗ ਫਾਊਂਡੇਸ਼ਨ ਦਾ ਵਿਸ਼ੇਸ਼ ਧੰਨਵਾਦ ਕੀਤਾ।

## ਮਿਲੇਨੀਅਮ ਸਕੂਲ ਵੱਲੋਂ ਪਿੰਡ ਰੋਡੇ ਵਿੱਚ ਸੈਮੀਨਾਰ ਦਾ ਆਯੋਜਨ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 28 ਫਰਵਰੀ : ਮੋਗਾ-ਕੋਟਕਪੂਰਾ ਰੋਡ 'ਤੇ ਪਿੰਡ ਪੰਜਗਰਾਈ ਦੇ ਨੇੜੇ ਸਥਿਤ ਇੰਟਰਨੈਸ਼ਨਲ ਮਿਲੇਨੀਅਮ ਸਕੂਲ, ਕੋਟਕਪੂਰਾ ਨੇ ਚੇਅਰਮੈਨ ਵਾਸੂ ਸ਼ਰਮਾ ਦੀ ਅਗਵਾਈ ਹੇਠ ਮੋਗਾ ਜ਼ਿਲ੍ਹੇ ਦੇ ਪਿੰਡ ਰੋਡੇ ਵਿੱਚ ਇੱਕ ਜਾਣਕਾਰੀ ਭਰਪੂਰ ਅਤੇ ਪ੍ਰੇਰਨਾਦਾਇਕ ਸੈਮੀਨਾਰ ਸਫਲਤਾਪੂਰਵਕ ਆਯੋਜਿਤ ਕੀਤਾ। ਚੇਅਰਮੈਨ ਵਾਸੂ ਸ਼ਰਮਾ, ਡਾਇਰੈਕਟਰ ਸੀਮਾ ਸ਼ਰਮਾ, ਚੇਅਰਪਰਸਨ ਰਕਸ਼ੰਦਾ ਸ਼ਰਮਾ, ਅਕਾਦਮਿਕ ਡਾਇਰੈਕਟਰ ਵਿਨੋਦ ਕੁਮਾਰ ਸ਼ਰਮਾ ਅਤੇ ਪ੍ਰਿੰਸੀਪਲ ਨੀਲਮ ਕੁਮਾਰੀ ਵਰਮਾ ਨੇ ਦੱਸਿਆ ਕਿ ਸੈਮੀਨਾਰ ਦੌਰਾਨ ਸਕੂਲ ਪ੍ਰਬੰਧਕਾਂ ਅਤੇ ਅਧਿਆਪਕਾਂ ਨੇ ਆਧੁਨਿਕ





ਸਿੱਖਿਆ ਪ੍ਰਣਾਲੀ, ਡਿਜੀਟਲ ਸਿਖਲਾਈ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ। ਸੈਮੀਨਾਰ ਵਿੱਚ ਵੱਡੀ ਗਿਣਤੀ ਵਿੱਚ ਮਾਪਿਆਂ ਨੇ ਸ਼ਿਰਕਤ ਕੀਤੀ ਅਤੇ ਸਕੂਲ ਦੀ ਸਿੱਖਿਆ ਸ਼ਾਸਤਰ, ਅਨੁਸ਼ਾਸਨ ਅਤੇ ਗਤੀਵਿਧੀਆਂ ਬਾਰੇ ਜਾਣਿਆ। ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਸਕੂਲ ਦਾ ਟੀਚਾ ਪੇਂਡੂ ਖੇਤਰਾਂ ਦੇ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਹੈ। ਸੈਮੀਨਾਰ ਦੇ ਅੰਤ ਵਿੱਚ, ਮਾਪਿਆਂ ਨੇ ਇਸ ਪਹਿਲਕਦਮੀ ਦੀ ਪ੍ਰਸ਼ੰਸਾ ਕੀਤੀ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਪ੍ਰੋਗਰਾਮ ਕਰਵਾਉਣ ਦੀ ਬੇਨਤੀ ਕੀਤੀ। ਸਕੂਲ ਨੇ ਇਸ ਮੌਕੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਦਾ ਸਨਮਾਨ ਕੀਤਾ। ਸਕੂਲ ਸਟਾਫ਼ ਅਤੇ ਵਿਦਿਆਰਥੀ ਮੌਜੂਦ ਸਨ।

## ਬਾਬਾ ਫ਼ਰੀਦ ਸੰਸਥਾਵਾਂ ਵੱਲੋਂ ਗੁਰੂ ਨਾਨਕ ਅਕੈਡਮੀ ਜਲਾਲੇਆਣਾ ਦੀ ਨਵੀਂ ਇਮਾਰਤ ਲਈ 5 ਲੱਖ ਰੁਪਏ ਦਾ ਸਹਿਯੋਗ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 28 ਫਰਵਰੀ : ਬਾਬਾ ਫ਼ਰੀਦ ਸੰਸਥਾਵਾਂ ਫਰੀਦਕੋਟ ਵੱਲੋਂ ਸਮਾਜਿਕ ਅਤੇ ਸਿੱਖਿਆਤਮਕ ਜ਼ਿੰਮੇਵਾਰੀ ਨਿਭਾਉਂਦਿਆਂ ਭਾਈ ਦਾਨ ਸਿੰਘ ਧਾਰਮਿਕ, ਵਿੱਦਿਅਕ ਅਤੇ ਚੈਰੀਟੇਬਲ ਟਰਸੱਟ ਦੁਆਰਾ ਸੰਚਾਲਿਤ ਗੁਰੂ ਨਾਨਕ ਅਕੈਡਮੀ ਦੀ ਨਵੀਂ ਬਣ ਰਹੀ ਇਮਾਰਤ ਦੀ ਉਸਾਰੀ ਲਈ 5 ਲੱਖ ਰੁਪਏ ਦੀ ਨਗਦ ਰਾਸ਼ੀ ਦੇ ਕੇ ਸਹਿਯੋਗ ਪ੍ਰਦਾਨ ਕੀਤਾ ਗਿਆ। ਇਹ ਟਰਸੱਟ ਪਿਛਲੇ ਛੇ ਸਾਲਾਂ ਤੋਂ ਪਿੰਡ ਜਲਾਲੇਆਣਾ, ਜ਼ਿਲ੍ਹਾ ਫਰੀਦਕੋਟ ਵਿਖੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਬੱਚਿਆਂ ਨੂੰ ਮੁਫ਼ਤ ਅਤੇ ਗੁਣਵੱਤਾ ਭਰੀ ਸਿੱਖਿਆ ਪ੍ਰਦਾਨ ਕਰ ਰਿਹਾ ਹੈ। ਗੁਰੂ ਨਾਨਕ ਅਕੈਡਮੀ ਸੀ.ਬੀ.ਐੱਸ.ਈ. ਪੈਟਰਨ ਅਧਾਰਿਤ ਅੰਗਰੇਜ਼ੀ ਮਾਧਿਅਮ ਸਕੂਲ ਹੈ, ਜੋ ਪਿੰਡ ਦੇ ਬੱਚਿਆਂ ਨੂੰ ਉੱਚ ਦਰਜੇ ਦੀ ਸਿੱਖਿਆ ਦੇਣ ਲਈ ਸਮਰਪਿਤ ਹੈ। ਇਸ ਮੌਕੇ ਬਾਬਾ ਫ਼ਰੀਦ ਸੰਸਥਾਵਾਂ ਵੱਲੋਂ ਸ. ਗੁਰਜਾਪ ਸਿੰਘ ਸੇਖੋਂ, ਸ. ਸੁਰਿੰਦਰ ਸਿੰਘ ਰੋਮਾਣਾ, ਸ. ਕੁਲਜੀਤ ਸਿੰਘ ਮੌਂਗੀਆ ਅਤੇ ਸ. ਨਰਿੰਦਰਪਾਲ ਸਿੰਘ ਬਰਾੜ ਨੇ ਟਰਸਟ ਦੇ ਪ੍ਰਬੰਧਕਾਂ ਨੂੰ 5 ਲੱਖ ਰੁਪਏ ਦੀ ਰਾਸ਼ੀ ਸੌਂਪਦੇ ਹੋਏ ਸਿੱਖਿਆ ਦੇ ਖੇਤਰ ਵਿੱਚ ਹੋ ਰਹੇ ਉੱਦਮਾਂ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਸਮਾਜ ਦੀ ਤਰੱਕੀ ਲਈ ਗੁਣਵੱਤਾ ਭਰੀ ਸਿੱਖਿਆ ਬਹੁਤ ਜ਼ਰੂਰੀ ਹੈ ਅਤੇ ਬਾਬਾ ਫ਼ਰੀਦ ਸੰਸਥਾਵਾਂ ਹਮੇਸ਼ਾਂ ਹੀ ਸਿੱਖਿਆ ਅਤੇ ਸਮਾਜ ਸੇਵਾ ਲਈ ਵਚਨਬੱਧ ਰਹਿਣਗੀਆਂ। ਟਰਸਟ ਪ੍ਰਬੰਧਕਾਂ ਨੇ ਇਸ ਉਪਰਾਲੇ ਲਈ ਬਾਬਾ ਫ਼ਰੀਦ ਸੰਸਥਾਵਾਂ ਦਾ ਦਿਲੋਂ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਇਹ ਸਹਿਯੋਗ ਸਕੂਲ ਦੀ ਨਵੀਂ ਇਮਾਰਤ ਦੀ ਉਸਾਰੀ ਅਤੇ ਵਿਦਿਆਰਥੀਆਂ ਦੇ ਭਵਿੱਖ ਨਿਰਮਾਣ ਵਿੱਚ ਮੀਲ ਪੱਥਰ ਸਾਬਤ ਹੋਵੇਗਾ।

## ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਵਿਖੇ ਪ੍ਰਭਾਵਸ਼ਾਲੀ ਅਧਿਆਪਕ ਮਾਪੇ ਮਿਲਣੀ ਹੋਈ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 28 ਫਰਵਰੀ : ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਵਿਖੇ ਨਰਸਰੀ ਤੋਂ 1 ਆਰਟਸ ਸਾਇਸ ਅਤੇ ਕਮਰਸ ਗਰੁੱਪ ਦੇ ਵਿਦਿਆਰਥੀਆਂ ਦੇ ਮਾਪਿਆਂ ਨਾਲ ਇੱਕ ਜਰੂਰੀ ਮੀਟਿੰਗ ਹੋਈ, ਜਿਸ ਵਿੱਚ ਤਕਰੀਬਨ ਸਾਰੇ ਵਿਦਿਆਰਥੀਆਂ ਦੇ ਮਾਪਿਆਂ ਨੇ ਸਿਰਕਤ ਕੀਤੀ। ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਸੋਮਾ ਦੇਵੀ ਨੇ ਮਾਪਿਆਂ ਨੂੰ ਸਕੂਲ ਵਿੱਚ ਆਉਣ 'ਤੇ ਜੀ ਆਇਆ ਆਖਿਆ, ਇਸ ਉਪਰੰਤ ਸ੍ਰੀਮਤੀ ਸਤਵਿੰਦਰ ਕੌਰ ਨੇ ਸਕੂਲ ਪ੍ਰਬੰਧਨ ਬਾਰੇ ਜਾਣਕਾਰੀ ਦਿੰਦਿਆਂ ਮੋਬਾਇਲ ਦੇ ਰੁਝਾਨ ਅਤੇ ਵਿਦਿਆਰਥੀਆਂ ਵਿੱਚ ਅਨੁਸ਼ਾਸਨਹੀਣਤਾ ਸਬੰਧੀ ਸੁਧਾਰ ਕਰਨ ਲਈ ਮਾਪਿਆਂ ਨੂੰ ਜਾਗਰੂਕ ਕੀਤਾ। ਮਾਪਿਆਂ ਨੂੰ ਵਧ ਰਹੀਆਂ ਸਮਾਜਿਕ ਬੁਰਾਈਆਂ ਅਤੇ ਨਸ਼ਿਆਂ ਵਰਗੀ ਸਮੱਸਿਆ ਸਬੰਧੀ ਜਾਗਰੂਕ ਰਹਿਣ ਅਤੇ ਸਕੂਲ ਪ੍ਰਬੰਧਕਾਂ ਨਾਲ ਤਾਲਮੇਲ ਰੱਖ ਕੇ ਬੱਚਿਆਂ ਦੇ ਭਵਿੱਖ ਨੂੰ ਸੁਨਹਿਰੀ ਬਣਾਉਣ ਵਿੱਚ ਯੋਗਦਾਨ ਦੇਣ ਦੀ ਗੁਜ਼ਾਰਿਸ਼ ਕੀਤੀ ਗਈ! ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਬਲਜੀਤ ਸਿੰਘ ਵੱਲੋਂ ਸਕੂਲ ਪ੍ਰਾਪਤੀਆਂ ਅਤੇ ਸਕੂਲ ਵਿੱਚ ਚੱਲ ਰਹੀਆਂ ਸਹਿ- ਪਾਣੀ ਕਰਿਆਵਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਨੇ ਆਏ ਹੋਏ ਮਾਪਿਆ ਦਾ ਧੰਨਵਾਦ ਕਰਦਿਆਂ ਸਮੇਂ ਦੇ ਪਾਬੰਦ ਹੋਣ ਸਬੰਧੀ ਅਪੀਲ ਕੀਤੀ। ਮਾਪਿਆਂ ਵੱਲੋਂ ਇਸ ਭਰਵੀ ਮੀਟਿੰਗ ਸਬੰਧੀ ਤਸੱਲੀ ਪ੍ਰਗਟ ਕੀਤੀ ਗਈ ਅਤੇ ਵੱਖ-ਵੱਖ ਵਿਸ਼ਿਆਂ ਦੇ ਅਧਿਆਪਕਾਂ ਤੋਂ ਆਪਣੇ ਬੱਚਿਆਂ ਸਬੰਧੀ ਜਾਣਕਾਰੀ ਲਈ ਗਈ। ਇਸ ਮੌਕੇ ਮਿਡਲ ਵਿਭਾਗ ਦੇ ਕੋਆਰਡੀਨੇਟਰ ਸ੍ਰੀਮਤੀ ਨਿਧੀ ਗਰਗ, ਪ੍ਰਾਇਮਰੀ ਵਿਭਾਗ ਦੇ ਕੁਆਰਡੀਨੇਟਰ ਸ੍ਰੀਮਤੀ ਨੇਹਾ ਜਿੰਦਲ ਅਤੇ ਸ੍ਰੀਮਤੀ ਸ਼ਮਿੰਦਰ ਕੌਰ, ਸ੍ਰੀਮਤੀ ਬਲਜੀਤ ਕੌਰ, ਆਗੂ ਬਾਸਲ ਆਦਿ ਅਧਿਆਪਕ ਹਾਜ਼ਰ ਸਨ।

## ਬਾਬਾ ਫਰੀਦ ਲਾਅ ਕਾਲਜ ਦੇ ਵਿਦਿਆਰਥੀਆਂ ਦੀ ਇੰਟਰਨੈਸ਼ਨਲ ਮੂਟ ਕੋਰਟ ਕੰਪੀਟੀਸ਼ਨ ਵਿੱਚ ਝੰਡੀ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ/ਫਰੀਦਕੋਟ, 28 ਫਰਵਰੀ : ਬਾਬਾ ਫਰੀਦ ਲਾਅ ਕਾਲਜ ਫਰੀਦਕੋਟ ਵਿੱਚ ਮਾਨਯੋਗ ਚੇਅਰਮੈਨ ਸਵ. ਇੰਦਰਜੀਤ ਸਿੰਘ ਖਾਲਸਾ ਦੀ ਅਗਾਂਹਵਧੂ ਸੋਚ ਨੂੰ ਅੱਗੇ ਵਧਾਉਂਦੇ ਹੋਏ ਸਿਮਰਜੀਤ ਸਿੰਘ ਸੇਖੋਂ ਜੀ ਦੀ ਰਹਿਨੁਮਾਈ ਅਤੇ ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਦੀ ਅਗਵਾਈ ਹੇਠ ਕਾਲਜ ਦੇ ਵਿਦਿਆਰਥੀਆਂ ਜਸਕੀਰਤ ਸਿੰਘ, ਅਨਮੋਲ ਕੁਮਾਰ ਅਤੇ ਦਲਜੀਤ ਸਿੰਘ ਨੇ ਪ੍ਰੈਜ਼ੀਡੈਂਸੀ ਯੂਨੀਵਰਸਿਟੀ, ਬੈਂਗਲੌਰ (ਮੂਟ ਕੋਰਟ ਸੁਸਾਇਟੀ, ਸਕੂਲ ਆਫ ਲਾਅ) ਵੱਲੋਂ ਕਰਵਾਏ ਪਹਿਲੇ ਇੰਟਰਨੈਸ਼ਨਲ ਮੂਟ ਕੋਰਟ ਕੰਪੀਟੀਸ਼ਨ ਵਿੱਚ ਬੈਸਟ ਮੈਮੋਰੀਅਲ ਦਾ ਅਵਾਰਡ ਹਾਸਿਲ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ। ਇਹ ਕੰਪੀਟੀਸ਼ਨ ਨੈਸ਼ਨਲ ਹਿਊਮਨ ਰਾਇਟ ਕਮਿਸ਼ਨ ਦੇ ਸਹਿਯੋਗ ਨਾਲ ਕਰਵਾਇਆ ਗਿਆ ਸੀ। ਇਸ ਵਿੱਚ ਅੰਤਰਰਾਸ਼ਟਰੀ ਪੱਧਰ 'ਤੇ ਸ੍ਰੀਲੰਕਾ, ਸਿੰਘਾਪੁਰ, ਚਾਇਨਾ ਅਤੇ ਦੁਬਈ ਵਰਗੀਆਂ ਟੀਮਾਂ ਨੇ ਭਾਗ ਲਿਆ ਸੀ ਅਤੇ ਇਸ ਤੋਂ ਇਲਾਵਾ ਇਸ ਵਿੱਚ ਦੇਸ਼ ਦੀ ਚੋਟੀ ਦੀ ਨੈਸ਼ਨਲ ਲਾਅ ਯੂਨੀਵਰਸਿਟੀ ਆਦਿ ਉੱਚ ਕੋਟੀ ਦੀਆਂ ਯੂਨੀਵਰਸਿਟੀਆਂ ਨੇ ਵੀ ਭਾਗ ਲਿਆ ਸੀ। ਇਸ ਕੰਪੀਟੀਸ਼ਨ ਵਿੱਚ ਬਾਬਾ ਫਰੀਦ ਲਾਅ ਕਾਲਜ ਦੇ ਵਿਦਿਆਰਥੀਆਂ ਨੂੰ ਸਨਮਾਨ ਚਿੰਨ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਵਿਦਿਆਰਥੀਆਂ ਦੇ ਕਾਲਜ ਵਿਖੇ ਪਹੁੰਚਣ ਤੇ ਕਾਲਜ ਦੇ ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਨੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ। ਉਹਨਾਂ ਕਿਹਾ ਕਿ ਇਸ ਤਰਾਂ ਦੇ ਕੰਪੀਟੀਸ਼ਨਾਂ ਨਾਲ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ ਵੱਧਦਾ ਹੈ ਅਤੇ ਅੱਗੇ ਵਧਣ ਲਈ ਹੌਸਲਾ ਮਿਲਦਾ ਹੈ। ਉਹਨਾਂ ਕਿਹਾ ਕਿ ਇਹ ਬੜੇ ਹੀ ਮਾਣ ਦੀ ਗੱਲ ਹੈ ਕਿ ਕਾਲਜ ਦੇ ਵਿਦਿਆਰਥੀ ਭਾਰਤ ਦੇ ਵੱਖ-ਵੱਖ ਰਾਜਾਂ ਵਿੱਚ ਕਰਵਾਏ ਕੰਪੀਟੀਸ਼ਨਾਂ ਵਿੱਚ ਹਿੱਸਾ ਲੈ ਕੇ ਕਾਲਜ ਦੇ ਨਾਮ ਨੂੰ ਵਿਸ਼ਵਪੱਧਰ ਉੱਪਰ ਪਹੁੰਚਾ ਰਹੇ ਹਨ। ਉਹਨਾਂ ਕਾਲਜ ਦੀ ਮੈਨੇਜਮੈਂਟ ਕਮੇਟੀ ਦਾ ਵੀ ਧੰਨਵਾਦ ਕੀਤਾ, ਜੋ ਸਿਮਰਜੀਤ ਸਿੰਘ ਸੇਖੋਂ (ਚੇਅਰਮੈਨ) ਦੀ ਅਗਵਾਈ ਵਿੱਚ ਕਾਲਜ ਦੇ ਵਿਦਿਆਰਥੀਆਂ ਨੂੰ ਹਰ ਤਰਾਂ ਦੀ ਸਹੂਲਤ ਮੁਹੱਈਆ ਕਰਵਾ ਰਹੀ ਹੈ। ਇਸ ਮੌਕੇ ਕਾਲਜ ਦੇ ਇੰਚਾਰਜ ਅਕੈਡਮਿਕ ਡਾ. ਨਵਜੋਤ ਕੌਰ ਨੇ ਮੂਟ ਕੋਰਟ ਕਮੇਟੀ ਮੈਂਬਰ ਹਰਬੰਸ ਕੌਰ ਜੱਸੀ (ਅਸਿਸਟੈਂਟ ਪ੍ਰੋਫੈਸਰ), ਪਰਵਿੰਦਰ ਕੌਰ (ਅਸਿਸਟੈਂਟ ਪ੍ਰੋਫੈਸਰ) ਅਤੇ ਸਮੂਹ ਸਟਾਫ ਦਾ ਸਹਿਯੋਗ ਦੇਣ ਲਈ ਧੰਨਵਾਦ ਕੀਤਾ।

## ਸੰਦੀਪ ਸਿੰਘ ਕੰਮੇਆਣਾ ਨੇ ਕੇਜਰੀਵਾਲ ਅਤੇ ਸਿਸੋਦੀਆ ਦੇ ਬਰੀ ਹੋਣ 'ਤੇ ਦਿੱਤੀ ਵਧਾਈ

### ਫੈਸਲੇ ਨੂੰ ਦੱਸਿਆ 'ਸੱਚ ਦੀ ਜਿੱਤ'

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 27 ਫਰਵਰੀ : ਕਥਿਤ ਆਬਕਾਰੀ ਨੀਤੀ ਮਾਮਲੇ ਵਿਚ ਰਾਊਜ ਐਵੇਨਿਊ ਅਦਾਲਤ ਵਲੋਂ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਸੀਨੀਅਰ ਆਗੂ ਮਨੀਸ਼ ਸਿਸੋਦੀਆ ਨੂੰ ਬਰੀ ਕਰਨ ਦੇ ਫੈਸਲੇ ਦਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੰਦੀਪ ਸਿੰਘ ਕੰਮੇਆਣਾ ਵਲੋਂ ਸਵਾਗਤ ਕੀਤਾ ਗਿਆ ਹੈ। ਉਨ੍ਹਾਂ ਇਸ ਨੂੰ ਸੱਚ ਦੀ ਜਿੱਤ ਕਰਾਰ ਦਿੰਦਿਆਂ ਪਾਰਟੀ ਆਗੂਆਂ ਅਤੇ ਵਰਕਰਾਂ ਨੂੰ ਵਧਾਈ ਦਿੱਤੀ। ਸੰਦੀਪ ਸਿੰਘ ਕੰਮੇਆਣਾ ਨੇ ਕਿਹਾ ਕਿ ਅਦਾਲਤ ਦੇ ਇਸ ਫੈਸਲੇ ਨਾਲ ਸਾਬਤ ਹੋ ਗਿਆ ਹੈ ਕਿ ਸੱਚ ਨੂੰ ਲੰਮੇ ਸਮੇਂ ਤੱਕ ਦਬਾਇਆ ਨਹੀਂ ਜਾ ਸਕਦਾ, ਕਿਉਂਕਿ ਸੱਚ ਪ੍ਰੇਸ਼ਾਨ ਤਾਂ ਹੋ ਸਕਦਾ ਹੈ ਪਰ ਹਾਰ ਨਹੀਂ ਸਕਦਾ ਅਤੇ ਇਹ ਫੈਸਲਾ ਸੱਚਾਈ ਦੀ ਜਿੱਤ ਦਾ ਪ੍ਰਤੀਕ ਹੈ। ਉਹਨਾਂ ਕਿਹਾ ਕਿ ਪੰਜਾਬ ਵਿਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉਤਰ ਰਹੀ ਹੈ ਅਤੇ ਜਨਤਾ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਇਸ ਮੌਕੇ ਉਹਨਾਂ ਕਿਹਾ ਕਿ ਇਹ ਸੱਚਾਈ ਦੀ ਜਿੱਤ ਹੈ ਅਤੇ ਮੋਦੀ ਸਰਕਾਰ ਵਲੋਂ ਆਮ ਆਦਮੀ ਪਾਰਟੀ ਦੇ ਵੱਧਦੇ ਗਰਾਫ ਨੂੰ ਦੱਬਣ ਵਾਸਤੇ ਕੀਤੇ ਗਏ ਨਜਾਇਜ਼ ਪਰਚੇ ਅੱਜ ਲੋਕਾਂ ਸਾਹਮਣੇ ਨੰਗੇ ਹੋ ਗਏ ਹਨ। ਉਨ੍ਹਾਂ ਕਿਹਾ ਕਿ ਅਦਾਲਤ ਨੇ ਸਰਕਾਰ ਅਤੇ ਵਿਜੀਲੈਂਸ ਵਿਭਾਗ ਨੂੰ ਲਾਈ ਫਿਟਕਾਰ ਵਿਚ ਕਿਹਾ ਕਿ ਇਹ ਕੇਸ ਬਿਲਕੁਲ ਬੇਬੁਨਿਆਦ ਸੀ ਅਤੇ ਇਸ ਵਿਚ ਕੋਈ ਵੀ ਸੱਚਾਈ ਨਹੀਂ ਸੀ।